

ਗੁਰੂ ਨਗਰੀ ਵਿਖੇ ਕੱਢੇ ਫਲੈਗ ਮਾਰਚ ਦੀ ਅਗਵਾਈ ਕਰਦੇ ਹੋਏ ਚੌਕੀ ਇੰਚਾਰਜ ਗੁਰਮੁਖ ਸਿੰਘ ਅਤੇ ਇੰਸਪੈਕਟਰ ਸੁਰਿੰਦਰ ਸਿੰਘ।

# ਪੰਜਾਬ ਵਿਧਾਨ ਸਭਾ ਚੋਣਾਂ ਨੂੰ ਦੇਖਦਿਆਂ ਪੁਲਿਸ ਨੇ ਗੁਰੂ ਨਗਰੀ ਵਿਖੇ ਕੱਢਿਆ ਫਲੈਗ ਮਾਰਚ

ਸ੍ਰੀ ਅਨੰਦਪੁਰ ਸਾਹਿਬ, 16 ਫਰਵਰੀ (ਜੇ ਐਸ ਨਿੱਕੂਵਾਲ)-ਪੰਜਾਬ ਵਿਧਾਨ ਸਭਾ ਚੋਣਾਂ ਨੂੰ ਦੇਖਦਿਆਂ ਅੱਜ ਸਥਾਨਕ ਪੁਲਿਸ ਵਲੋਂ ਸੀ. ਆਰ. ਪੀ. ਐਫ. ਫੋਰਸ ਦੇ ਨਾਲ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਫਲੈਗ ਮਾਰਚ ਕੱਢਿਆ ਗਿਆ। ਚੌਕੀ ਇੰਚਾਰਜ ਏ ਐੱਸ ਆਈ ਗੁਰਮੁਖ ਸਿੰਘ ਅਤੇ ਸੀ. ਆਰ. ਪੀ. ਐਫ. ਦੇ ਇੰਸਪੈਕਟਰ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਸਥਾਨਕ ਪੁਲਿਸ ਚੌਕੀ ਤੋਂ ਸ਼ੁਰੂ ਹੋਇਆ ਇਹ ਫਲੈਗ ਮਾਰਚ ਸ਼ਹਿਰ ਦੇ ਵੱਖ-ਵੱਖ ਸਥਾਨਾਂ ਅਤੇ ਮਾਰਕੀਟਾਂ ਵਿਚੋਂ ਹੁੰਦਾ ਹੋਇਆ ਵਾਪਸ ਪੁਲਿਸ ਚੌਕੀ ਵਿਖੇ ਸਮਾਪਤ ਹੋਇਆ। ਚੌਕੀ ਇੰਚਾਰਜ ਗੁਰਮੁਖ ਸਿੰਘ ਨੇ ਦੱਸਿਆ ਕਿ ਇਸ ਫਲੈਗ ਮਾਰਚ ਦਾ ਉਦੇਸ਼ ਚੋਣਾਂ ਦੌਰਾਨ ਅਮਨ ਕਾਨੂੰਨ ਦੀ ਸਥਿਤੀ ਨੂੰ ਬਣਾਈ ਰੱਖਣਾ ਅਤੇ ਲੋਕਾਂ ਵਿਚ ਇਹ ਵਿਸ਼ਵਾਸ ਪੈਦਾ ਕਰਨਾ ਹੈ ਕਿ ਪੁਲਿਸ ਤੁਹਾਡੀ ਸੁਰੱਖਿਆ ਵਿਚ 24 ਘੰਟੇ ਹਾਜ਼ਰ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਭੈਅ ਤੋਂ ਆਪਣੀ ਵੋਟ ਦਾ ਇਸਤੇਮਾਲ ਕਰਨ ਅਤੇ ਕਿਸੇ ਵੀ ਸ਼ੱਕੀ ਵਿਅਕਤੀ ਸਬੰਧੀ ਪਤਾ ਲੱਗਣ ਤੇ ਤੁਰੰਤ ਪੁਲਿਸ ਨੂੰ ਸੂਚਿਤ ਕਰਨ।

ਅਜੀਤ ®©
17-Feb-2022
Page: 5
http://epaper.ajitjalandhar.com/edition/20220217/10/5.cms